# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-04-2024**

- ਦੇਸ਼ ਵਿਚ ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਭਲਕੇ 26 ਅਪ੍ਰੈਲ ਨੂੰ ਹੋਣ ਵਾਲੀ ਵੋਟਿੰਗ ਲਈ, ਚੋਣ ਅਮਲੇ ਨੇ ਕੀਤੀ ਸਾਰੀ ਤਿਆਰੀ।

- ਚੋਣ ਕਮਿਸ਼ਨ ਨੇ ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ, ਭਾਰਤੀ ਜਨਤਾ ਪਾਰਟੀ ਤੇ ਕਾਂਗਰਸ ਪਾਰਟੀ ਦੇ ਪ੍ਰਧਾਨਾਂ ਨੂੰ ਨੋਟਿਸ ਜਾਰੀ ਕੀਤਾ।

- ਪੰਜਾਬ ਵਿਚ 16 ਮਾਰਚ ਨੂੰ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ, 321 ਕਰੋੜ 51 ਲੱਖ ਰੁਪਏ ਦੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥ, ਕੀਮਤੀ ਵਸਤਾਂ ਅਤੇ ਹੋਰ ਸਮਾਨ ਜ਼ਬਤ।

- ਪੰਜਾਬ ਵਿਧਾਨਸਭਾ ਦੇ ਸਾਬਕਾ ਸਪੀਕਰ ਸੁਰਜੀਤ ਸਿੰਘ ਮਿਨਹਾਸ ਦਾ ਜਲੰਧਰ ਵਿਚ ਦੇਹਾਂਤ।

---

ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਭਲਕੇ 26 ਅਪ੍ਰੈਲ ਨੂੰ ਹੋਣ ਵਾਲੀ ਵੋਟਿੰਗ ਲਈ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਨੇ । ਇਸ ਪੜਾਅ ਵਿੱਚ 12 ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ 88 ਲੋਕ ਸਭਾ ਸੀਟਾਂ ਲਈ ਵੋਟਿੰਗ ਹੋਵੇਗੀ । ਚੋਣਾਂ ਵਾਲੇ ਵੱਖ ਵੱਖ ਸੂਬਿਆਂ ਦੇ ਪੋਲਿੰਗ ਸਟੇਸ਼ਨਾਂ ਲਈ ਚੋਣ ਅਮਲੇ ਨੂੰ ਅੱਜ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਤੇ ਹੋਰ ਸਾਮਾਨ ਨਾਲ ਰਵਾਨਾ ਕੀਤਾ ਗਿਆ। ਇਸ ਗੇੜ ਵਿੱਚ ਕੇਰਲ ਤੋਂ 20, ਕਰਨਾਟਕ ਤੋਂ 14, ਰਾਜਸਥਾਨ ਤੋਂ 13, ਉੱਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਤੋਂ 8-8, ਮੱਧ ਪ੍ਰਦੇਸ਼ ਤੋਂ 6, ਅਸਾਮ ਅਤੇ ਬਿਹਾਰ ਤੋਂ 5, ਪੱਛਮੀ ਬੰਗਾਲ ਅਤੇ ਛੱਤੀਸਗੜ੍ਹ ਤੋਂ 3-3 ਅਤੇ ਮਨੀਪੁਰ, ਤ੍ਰਿਪੁਰਾ ਤੇ ਜੰਮੂ ਕਸ਼ਮੀਰ ਵਿਚ 1-1 ਸੀਟ 'ਤੇ ਵੋਟਿੰਗ ਹੋਵੇਗੀ । ਇਸ ਗੇੜ ਵਿੱਚ ਕੁੱਲ ਇੱਕ ਹਜ਼ਾਰ ਇੱਕ 198 ਉਮੀਦਵਾਰ ਚੋਣ

ਮੈਦਾਨ ਵਿੱਚ ਨੇ। ਬਾਹਰੀ ਮਨੀਪੁਰ ਲੋਕ ਸਭਾ ਸੀਟ ਦੇ ਬਾਕੀ ਹਿੱਸੇ ਲਈ ਵੀ ਭਲਕੇ ਹੀ ਵੋਟਿੰਗ ਹੋਵੇਗੀ।

---------------------------------------------------

ਇਸ ਦੌਰਾਨ ਲੋਕ ਸਭਾ ਚੋਣਾਂ ਦੇ ਚੌਥੇ ਪੜਾਅ ਲਈ ਨਾਮਜ਼ਦਗੀ ਭਰਨ ਦਾ ਕੰਮ ਅੱਜ ਖਤਮ ਹੋ ਗਿਆ। ਨਾਮਜ਼ਦਗੀਆਂ ਦੀ ਪੜਤਾਲ ਭਲਕੇ ਕੀਤੀ ਜਾਵੇਗੀ ਅਤੇ ਉਮੀਦਵਾਰ 29 ਅਪ੍ਰੈਲ ਤੱਕ ਆਪਣੀ ਉਮੀਦਵਾਰੀ ਵਾਪਸ ਲੈ ਸਕਣਗੇ। 9 ਸੂਬਿਆਂ ਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਫੈਲੀਆਂ 96 ਲੋਕ ਸਭਾ ਸੀਟਾਂ ਲਈ ਇਸ ਪੜਾਅ ਵਿੱਚ 13 ਮਈ ਨੂੰ ਵੋਟਾਂ ਪੈਣਗੀਆਂ। ਇਸ ਪੜਾਅ 'ਚ ਜਿਨ੍ਹਾਂ ਸੂਬਿਆਂ 'ਚ ਵੋਟਿੰਗ ਹੋਵੇਗੀ, ਉਨ੍ਹਾਂ ਵਿਚ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਮਹਾਰਾਸ਼ਟਰ, ਬਿਹਾਰ, ਝਾਰਖੰਡ, ਉੜੀਸਾ, ਪੱਛਮੀਬੰਗਾਲ, ਆਂਧਰਾ ਪ੍ਰਦੇਸ਼, ਤੇਲੰਗਾਨਾ ਅਤੇ ਜੰਮੂ-ਕਸ਼ਮੀਰ ਸ਼ਾਮਲ ਨੇ।

---------------------------------------------------

ਚੋਣ ਕਮਿਸ਼ਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕਾਂਗਰਸ ਨੇਤਾ ਰਾਹੁਲ ਗਾਂਧੀ ਵੱਲੋਂ, ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਸ਼ਿਕਾਇਤਾਂ 'ਤੇ

ਕਾਰਵਾਈ ਕਰਦੇ ਹੋਏ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਪਾਰਟੀ ਨੂੰ ਨੋਟਿਸ ਜਾਰੀ ਕੀਤਾ ਏ । ਕਮਿਸ਼ਨ ਦਾ ਕਹਿਣਾ ਏ ਕਿ ਸਟਾਰ ਪ੍ਰਚਾਰਕ ਹੋਣ ਦੇ ਨਾਤੇ, ਨੇਤਾਵਾਂ ਦੀਆਂ ਨਾ ਸਿਰਫ਼ ਆਪਣੀਆਂ ਜ਼ਿੰਮੇਵਾਰੀਆਂ ਹੁੰਦੀਆਂ ਨੇ, ਸਗੋਂ ਪਾਰਟੀ ਦੀਆਂ ਵੀ ਜ਼ਿੰਮੇਵਾਰੀਆਂ ਬਣਦੀਆਂ ਨੇ। ਚੋਣ ਕਮਿਸ਼ਨ ਨੇ ਦੋਵਾਂ ਪਾਰਟੀਆਂ ਦੇ ਪ੍ਰਧਾਨਾਂ, BJP ਦੇ ਜੇ. ਪੀ. ਨੱਡਾ ਅਤੇ ਕਾਂਗਰਸ ਦੇ ਮਲਿਕਾਰਜੁਨ ਖੜਗੇ ਨੂੰ ਨੋਟਿਸ ਜਾਰੀ ਕਰਕੇ, 29 ਅਪ੍ਰੈਲ ਤੱਕ ਆਪਣੇ ਸਟਾਰ ਪ੍ਰਚਾਰਕਾਂ ਦੇ ਬਿਆਨਾਂ 'ਤੇ ਸਪੱਸ਼ਟੀਕਰਨ ਮੰਗਿਆ ਏ । ਕਮਿਸ਼ਨ ਨੇ ਨਾਲ ਹੀ ਸ਼ਿਕਾਇਤਾਂ ਦੀ ਕਾਪੀ ਵੀ ਭੇਜੀ ਏ ਅਤੇ ਦੋਵਾਂ ਪਾਰਟੀਆਂ ਦੇ ਪ੍ਰਧਾਨਾਂ ਨੂੰ ਆਪਣੇ ਸਟਾਰ ਪ੍ਰਚਾਰਕਾਂ ਨੂੰ ਆਦਰਸ਼ ਚੋਣ ਜ਼ਾਬਤੇ ਸਬੰਧੀ ਧਿਆਨ ਰੱਖਣ ਲਈ ਹਦਾਇਤ ਕੀਤੀ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਅੱਜ ਗੁਰਦਾਸਪੁਰ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਹੱਕ 'ਚ ਰੈਲੀ ਕੀਤੀ। ਉਨਾਂ ਕਿਹਾ ਕਿ ਮੌਜੂਦਾ ਸਰਕਾਰ

ਨੇ, ਸੂਬੇ ਵਿਚ ਵਿਕਾਸ ਨੂੰ ਯਕੀਨੀ ਬਣਾਇਆ ਏ ਅਤੇ 4 ਜੂਨ ਤੋਂ ਬਾਅਦ ਵੀ, ਪੰਜਾਬ 'ਚ ਸਰਕਾਰ ਕੋਲ ਤਿੰਨ ਸਾਲ ਦਾ ਸਮਾਂ ਏ, ਜਿਸ ਦੌਰਾਨ ਵਿਕਾਸ ਦੀ ਰਫਤਾਰ ਨੂੰ ਹੋਰ ਤੇਜ ਕੀਤਾ ਜਾਵੇਗਾ। ਅਕਾਲੀ ਦਲ ਦੇ ਆਗੂਆਂ ਹਰਸਿਮਰਤ ਕੌਰ ਬਾਦਲ ਤੇ ਸੁਖਬੀਰ ਬਾਦਲ ਦੀ ਆਲੋਚਨਾ ਕਰਦੇ ਹੋਏ, ਮੁਖ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਬਚਾਓ ਯਾਤਰਾ ਕੱਢ ਰਹੇ ਨੇ ਪਰ ਹਕੀਕਤ ਵਿਚ ਸਿਰਫ਼ ਆਮ ਆਦਮੀ ਪਾਰਟੀ ਨੇ ਹੀ ਪੰਜਾਬ ਨੂੰ ਬਚਾਇਆ ਏ। ਉਨਾਂ ਕਿਹਾ ਕਿ ਗੁਰਦਾਸਪੁਰ ਦੇ ਇਲਾਕੇ ਵਿਚ ਕਈ ਅਜਿਹੇ ਟੋਲ ਪਲਾਜ਼ਾ ਸਰਕਾਰ ਨੇ ਬੰਦ ਕਰਵਾਏ ਨੇ, ਜਿਹੜੇ ਮਿਆਦ ਤੋਂ ਬਾਅਦ ਵੀ ਚੱਲ ਰਹੇ ਸਨ ਅਤੇ ਇਨਾਂ ਦੇ ਬੰਦ ਹੋਣ ਨਾਲ ਆਮ ਲੋਕਾਂ ਨੂੰ ਕਾਫੀ ਰਾਹਤ ਹੋਈ ਏ।

---

ਜਲੰਧਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ ਨੇ ਕਿਹਾ ਏ, ਕਿ ਕੇਂਦਰ ਦੀ ਮੋਦੀ ਸਰਕਾਰ ਨੇ ਦੇਸ਼ ਭਰ ਵਿੱਚ ਰਿਕਾਰਡ ਤੋੜ ਵਿਕਾਸ ਕਰਵਾਇਆ ਏ। ਜਲੰਧਰ ਤੋਂ ਅੱਜ ਜਾਰੀ ਇਕ ਬਿਆਨ ਵਿਚ, ਉਨ੍ਹਾਂ ਕਿਹਾ ਕਿ ਸਰਵਪੱਖੀ ਵਿਕਾਸ ਯਕੀਨੀ

ਬਣਾਉਣ ਲਈ, ਬਹੁਤ ਸਾਰੇ ਸੁਧਾਰ ਕੀਤੇ ਗਏ ਨੇ, ਜਿਨ੍ਹਾਂ ਵਿੱਚ ਬੁਨਿਆਦੀ ਤਬਦੀਲੀਆਂ ਸ਼ਾਮਲ ਨੇ। ਉਨ੍ਹਾਂ ਕਿਹਾ ਕਿ ਭਾਰਤ ਭਰ ਵਿੱਚ ਜਨ-ਧਨ, ਆਧਾਰ ਤੇ ਮੋਬਾਈਲ, ਜੀ.ਐੱਸ.ਟੀ. ਲਾਗੂ ਕਰਨ ਲਈ ਰਾਸ਼ਟਰੀ ਸਹਿਮਤੀ ਬਣਾਉਣ ਅਤੇ ਸੰਵਿਧਾਨ ਵਿੱਚ ਸੋਧ ਕਰਨ ਲਈ ਇੱਕ ਬਿੱਲ ਪੇਸ਼ ਕੀਤਾ ਗਿਆ। ਸੁਸ਼ੀਲ ਰਿੰਕੂ ਨੇ ਕਿਹਾ ਕਿ ਰਾਜਾਂ ਨੂੰ ਵਧੇਰੇ ਤਾਕਤ ਅਤੇ ਸ਼ਕਤੀ ਦੇਣ ਲਈ ਨੀਤੀ ਆਯੋਗ ਦਾ ਗਠਨ ਕੀਤਾ ਗਿਆ ਸੀ ਅਤੇ ਇਸ ਦੇ ਨਾਲ ਐਨ ਡੀ ਏ ਸਰਕਾਰ ਨੇ ਸਿੱਖਿਆ ਅਤੇ ਹੁਨਰ ਵਿਕਾਸ ਨੂੰ ਬੇਮਿਸਾਲ ਹੁਲਾਰਾ ਦੇ ਕੇ ਸਿੱਖਿਆ ਦੀ ਗੁਣਵੱਤਾ ਅਤੇ ਪਹੁੰਚਯੋਗਤਾ ਨੂੰ ਵਧਾਉਣ ਲਈ ਕਈ ਵਿਲੱਖਣ ਕਦਮ ਚੁੱਕੇ ਨੇ।

---------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਨੇ, ਵਿਧਾਨ ਸਭਾ ਹਲਕਾ ਨਵਾਂਸ਼ਹਿਰ ਦੇ ਮੁੱਖ ਦਫ਼ਤਰ ਵਿਖੇ, 4 ਮਈ ਨੂੰ ਦੁਆਬਾ ਤੋਂ ਸ਼ੁਰੂ ਹੋ ਰਹੀ 'ਪੰਜਾਬ ਬਚਾਓ' ਯਾਤਰਾ ਦੇ ਤੀਸਰੇ ਗੇੜ੍ਹ ਸੰਬੰਧੀ ਤਿਆਰੀਆਂ ਦਾ ਅੱਜ ਜਾਇਜਾ ਲਿਆ । ਉਨਾਂ ਹਲਕੇ ਦੇ

ਸੀਨੀਅਰ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕਰਕੇ ਪੰਜਾਬ ਬਚਾਓ ਯਾਤਰਾ ਸੰਬੰਧੀ ਜ਼ਿੰਮੇਵਰੀਆਂ ਵੀ ਨਿਰਧਾਰਤ ਕੀਤੀਆਂ । ਉਨ੍ਹਾਂ ਆਖਿਆ ਕਿ ਸੂਬੇ ਭਰ ਵਿੱਚ 'ਪੰਜਾਬ ਬਚਾਓ' ਯਾਤਰਾ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਏ, ਜਿਸ ਨਾਲ ਵਿਰੋਧੀ ਪਾਰਟੀਆਂ ਪਰੇਸ਼ਾਨ ਨੇ । ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਦੁਆਬੇ ਵਿੱਚ ਪਹੁੰਚ ਰਹੀ ਯਾਤਰਾ ਇਤਿਹਾਸਿਕ ਹੋਵੇਗੀ ਅਤੇ ਯਾਤਰਾ ਨੂੰ ਲੈ ਕੇ ਦੁਆਬਾ ਵਾਸੀਆਂ ਵਿਚ ਭਾਰੀ ਉਤਸ਼ਾਹ ਤੇ ਜੋਸ਼ ਨਜ਼ਰ ਆ ਰਿਹਾ ਏ ।

---------------------------------------------------------

ਲੋਕ ਸਭਾ ਚੋਣਾਂ ਦੌਰਾਨ ਸੂਬੇ ਵਿੱਚ ਚੋਣ ਮਰਿਆਦਾ ਕਾਇਮ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਇਨਫੋਰਸਮੈਂਟ ਏਜੰਸੀਆਂ ਨੇ ਵਿਆਪਕ ਕਾਰਵਾਈ ਕਰਦਿਆਂ, 16 ਮਾਰਚ ਨੂੰ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ, 321 ਕਰੋੜ 51 ਲੱਖ ਰੁਪਏ ਦੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥ, ਕੀਮਤੀ ਵਸਤਾਂ ਅਤੇ ਹੋਰ ਸਮਾਨ ਜ਼ਬਤ ਕੀਤਾ ਏ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਕਿ

ਲੋਕਤੰਤਰੀ ਸਿਧਾਤਾਂ ਦੀ ਰਾਖੀ ਅਤੇ ਵੋਟਰਾਂ ਦੇ ਭਰੋਸੇ ਨੂੰ ਕਾਇਮ ਰੱਖਣ ਲਈ, ਸਮੁੱਚਾ ਚੋਣ ਅਮਲਾ ਪੂਰੀ ਵਚਬੱਧਤਾ ਨਾਲ ਕੰਮ ਕਰ ਰਿਹਾ ਏ ।

*ਵੇਰਵੇ ਨਾਲ ਇਹ ਰਿਪੋਰਟ: ਡਿਸਪੈਚ: ਇਸ ਵੇਲੇ ਸੂਬੇ ਵਿੱਚ ਸਰਗਰਮੀ ਨਾਲ ਕੰਮ ਕਰ ਰਹੀਆਂ 24 ਇਨਫੋਰਸਮੈਂਟ ਏਜੰਸੀਆਂ ਨੇ ਕੁਲ 6 ਕਰੋੜ 89 ਲੱਖ ਰੁਪਏ ਦੀ ਨਕਦੀ, 14 ਕਰੋੜ 93 ਲੱਖ ਰੁਪਏ ਕੀਮਤ ਦੀ 22 ਅਸ਼ਰੀਆ 8 ਲੱਖ ਲੀਟਰ ਸ਼ਰਾਬ, 287 ਕਰੋੜ 23 ਲੱਖ ਰੁਪਏ ਦੇ ਨਸ਼ੀਲੇ ਪਦਾਰਥ, 11 ਕਰੋੜ 37 ਲੱਖ ਰੁਪਏ ਦੀਆਂ ਕੀਮਤੀ ਵਸਤਾਂ ਅਤੇ 1 ਕਰੋੜ 09 ਲੱਖ ਰੁਪਏ ਦਾ ਹੋਰ ਸਾਮਾਨ ਜ਼ਬਤ ਕੀਤਾ ਏ । ਇਸ ਵਿਚ ਪੰਜਾਬ ਪੁਲਿਸ ਨੇ ਸਭ ਤੋਂ ਵੱਧ 276 ਕਰੋੜ 19 ਲੱਖ ਰੁਪਏ, ਸੀਮਾ ਸੁਰੱਖਿਆ ਬਲ ਨੇ 22 ਕਰੋੜ 85 ਲੱਖ ਰੁਪਏ, ਆਬਕਾਰੀ ਵਿਭਾਗ ਨੇ 7 ਕਰੋੜ 21 ਲੱਖ ਰੁਪਏ, ਵਸਤਾਂ ਅਤੇ ਸੇਵਾਵਾਂ ਕਰ ਵਿਭਾਗ ਨੇ 5 ਕਰੋੜ ਰੁਪਏ, ਕਸਟਮ ਵਿਭਾਗ ਨੇ 4 ਕਰੋੜ 37 ਲੱਖ ਰੁਪਏ, ਆਮਦਨ ਕਰ ਵਿਭਾਗ ਨੇ 4 ਕਰੋੜ 08 ਲੱਖ ਰੁਪਏ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਨੇ 1 ਕਰੋੜ 76 ਲੱਖ ਰੁਪਏ ਦੀਆਂ*

*ਜ਼ਬਤੀਆਂ ਕੀਤੀਆਂ ਨੇ । ਜ਼ਿਲ੍ਹਿਆਂ ਵਿੱਚੋਂ ਅੰਮ੍ਰਿਤਸਰ ਜ਼ਿਲ੍ਹੇ 'ਚ ਸਭ ਤੋਂ ਵੱਧ 60 ਕਰੋੜ 3 ਲੱਖ ਰੁਪਏ, ਤਰਨਤਾਰਨ ਜ਼ਿਲ੍ਹੇ 'ਚ 53 ਕਰੋੜ 74 ਲੱਖ ਰੁਪਏ, ਫ਼ਿਰੋਜ਼ਪੁਰ ਜ਼ਿਲ੍ਹੇ 'ਚ 49 ਕਰੋੜ 34 ਲੱਖ ਰੁਪਏ ਅਤੇ ਫ਼ਾਜ਼ਿਲਕਾ ਜ਼ਿਲ੍ਹੇ 'ਚ 41 ਕਰੋੜ 71 ਲੱਖ ਰੁਪਏ ਦੀਆਂ ਬਰਾਮਦਗੀਆਂ ਹੋਇਆਂ ਨੇ । ਇਸੇ ਤਰ੍ਹਾਂ ਲੁਧਿਆਣਾ ਜ਼ਿਲ੍ਹੇ 'ਚ 25 ਕਰੋੜ 42 ਲੱਖ ਰੁਪਏ, ਪਠਾਨਕੋਟ 'ਚ 21 ਕਰੋੜ 4 ਲੱਖ ਰੁਪਏ ਅਤੇ ਜਲੰਧਰ 'ਚ 17 ਕਰੋੜ 34 ਲੱਖ ਰੁਪਏ ਦੀਆਂ ਬਰਾਮਦਗੀਆਂ ਕੀਤੀਆਂ ਗਈਆਂ ਨੇ ।ਚੋਣ ਪ੍ਰਕਿਰਿਆ ਵਿੱਚ ਇਮਾਨਦਾਰੀ ਅਤੇ ਪਾਰਦਰਸ਼ਤਾ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕਤੰਤਰੀ ਸਿਧਾਂਤਾਂ ਨੂੰ ਕਾਇਮ ਰੱਖਣ ਲਈ ਸਮੁੱਚੇ ਚੋਣ ਅਮਲੇ ਵੱਲੋਂ ਕੀਤੇ ਜਾ ਰਹੇ ਅਣਥੱਕ ਯਤਨਾਂ ਨੂੰ ਇਸੇ ਤਰ੍ਹਾਂ ਬਣਾਈ ਰੱਖਣ ਦੀ ਦ੍ਰਿੜਤਾ ਪ੍ਰਗਟਾਈ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-------------------------------------------------

ਮਾਲੇਰਕੋਟਲਾ ਜ਼ਿਲੇ ਵਿਚ ਲੋਕ ਸਭਾ ਚੋਣਾਂ ਵਿੱਚ ਵੋਟਰਾਂ ਤੇ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਦੇ ਮੰਤਵ ਨੂੰ ਮੁੱਖ ਰੱਖਦੇ ਹੋਏ, ਜ਼ਿਲ੍ਹਾ ਚੋਣ ਅਫ਼ਸਰ ਡਾ. ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਵੀਪ ਗਤੀਵਿਧੀਆਂ ਅਧੀਨ ਅੱਜ ਮਾਡਰਨ ਕਾਲਜ ਆਫ਼ ਐਜੂਕੇਸ਼ਨ ਸ਼ੇਰਗੜ੍ਹ ਚੀਮਾਂ ਵਿਖੇ ਵਿਦਿਆਰਥੀਆਂ ਨੂੰ ਚੋਣ ਪ੍ਰਕ੍ਰਿਆ ਤੋਂ ਜਾਣੂ ਕਰਵਾਉਣ ਲਈ ਮੋਕ ਪੋਲ" ਕਰਵਾਈ ਗਈ। ਇਸ ਵਿੱਚ ਬੀ.ਐਡ.ਭਾਗ ਪਹਿਲਾ ਤੇ ਦੂਜਾ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ । ਸਵੀਪ ਇੰਚਾਰਜ ਰਜਨਦੀਪ ਕੌਰ ਨੇ ਦੱਸਿਆ ਕਿ ਮੋਕ ਪੋਲ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਵੀਪ ਗਤੀਗਿਧੀਆਂ ਤਹਿਤ ਯੋਗ ਵੋਟਰਾਂ ਨੂੰ ਪੋਲਿੰਗ ਪ੍ਰਕਿਰਿਆ ਸਬੰਧੀ ਪ੍ਰਦਰਸ਼ਨੀ ਲਗਾ ਕੇ, ਈ.ਵੀ.ਐਮ ਅਤੇ ਵੀ.ਵੀ.ਪੈਟ ਬਾਰੇ ਜਾਗਰੂਕ ਕਰਕੇ ਵੋਟਰਾਂ ਦੀ ਭਾਗੀਦਾਰੀ ਵਧਾਉਣਾ ਏ।

-------------------------------------------------

ਗੁਰਦਾਸਪੁਰ ਜ਼ਿਲੇ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ, ਵੱਖ-

ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਉਹ 15 ਜੂਨ ਤੋਂ ਪਹਿਲਾਂ- ਪਹਿਲਾਂ ਆਪਣੇ ਨਾਲ ਸਬੰਧਿਤ ਹੜ੍ਹ ਰੋਕੂ ਪ੍ਰਬੰਧਾਂ ਨੂੰ ਮੁਕੰਮਲ ਕਰ ਲੈਣ, ਤਾਂ ਜੋ ਆਉਣ ਵਾਲੇ ਬਰਸਾਤੀ ਸੀਜ਼ਨ ਦੌਰਾਨ ਹੜ੍ਹਾਂ ਦੇ ਸੰਭਾਵੀ ਖ਼ਤਰੇ ਨੂੰ ਟਾਲਿਆ ਜਾ ਸਕੇ। ਉਹ ਅੱਜ ਹੜ੍ਹਾਂ ਤੋਂ ਬਚਾਅ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ ਅਤੇ ਤਿਆਰੀਆਂ ਦੀ ਇਕ ਮੀਟਿੰਗ ਦੌਰਾਨ ਸਮੀਖਿਆ ਕਰ ਰਹੇ ਸਨ। ਉਨਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਪੈਂਦੇ ਸੇਮ ਨਾਲਿਆਂ ਨੂੰ ਸਾਫ਼ ਕਰਨ ਦੇ ਨਾਲ ਨਾਲ ਨਾਲਿਆਂ ਦੇ ਪੁਲ ਅਤੇ ਪੁਲੀਆਂ ਨੂੰ ਵੀ ਸਾਫ਼ ਕੀਤਾ ਜਾਵੇ, ਤਾਂ ਜੋ ਪਾਣੀ ਦੀ ਨਿਕਾਸੀ ਵਿੱਚ ਕੋਈ ਰੋਕ ਨਾ ਆਵੇ। ਉਨ੍ਹਾਂ ਕਿਹਾ ਕਿ ਦਰਿਆ ਬਿਆਸ ਅਤੇ ਰਾਵੀ ਦੇ ਧੁੱਸੀ ਬੰਨ੍ਹ ਦੀ ਮਜ਼ਬੂਤੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਇਸ ਸਬੰਧੀ ਐਕਸੀਅਨ ਡਰੇਨਜ਼ ਨੇ ਦੱਸਿਆ ਕਿ ਦਰਿਆ ਬਿਆਸ ਦੇ ਧੁੱਸੀ ਬੰਨ੍ਹ ਨੂੰ 3 ਤੋਂ 4 ਫੁੱਟ ਉੱਚਾ ਕਰਨ ਸਬੰਧੀ ਪ੍ਰੋਜੈਕਟ ਮਨਜ਼ੂਰੀ ਲਈ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਏ ਅਤੇ ਆਸ ਏ ਕਿ ਇਹ ਪ੍ਰੋਜੈਕਟ ਜਲਦ ਹੀ ਪਾਸ ਹੋ

ਜਾਵੇਗਾ, ਜਿਸ ਉਪਰੰਤ ਬਰਸਾਤੀ ਸੀਜ਼ਨ ਤੋਂ ਪਹਿਲਾਂ ਧੁੱਸੀ ਬੰਨ੍ਹ ਨੂੰ ਮਜ਼ਬੂਤ ਤੇ ਉੱਚਾ ਕਰ ਦਿੱਤਾ ਜਾਵੇਗਾ।

---------------------------------------------------------------

ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਅਤੇ ਕਿਸਾਨ - ਮਜ਼ਦੂਰ ਮੋਰਚਾ ਦੇ ਸੱਦੇ 'ਤੇ, ਪੰਜਾਬ ਦੇ ਸ਼ੰਭੂ ਰੇਲਵੇ ਸਟੇਸ਼ਨ 'ਤੇ ਪਿਛਲੇ ਹਫ਼ਤੇ ਤੋਂ ਕਿਸਾਨ ਟ੍ਰੈਕ ਜਾਮ ਕਰਕੇ ਪ੍ਰਦਰਸ਼ਨ ਕਰ ਰਹੇ ਨੇ। ਕਿਸਾਨਾਂ ਦਾ ਕਹਿਣਾ ਏ ਕਿ ਜਦੋਂ ਤੱਕ ਤਿੰਨੇ ਕਿਸਾਨਾਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਹ, ਰੇਲ ਪਟੜੀ ਨਹੀਂ ਖੋਲ੍ਹਣਗੇ । ਕਿਸਾਨਾਂ ਨੇ ਸਰਕਾਰ ਨੂੰ 27 ਅਪ੍ਰੈਲ ਤੱਕ ਦਾ ਅਲਟੀਮੇਟਮ ਦਿੱਤਾ ਏ। ਕਿਸਾਨਾਂ ਦੇ ਪਟੜੀਆਂ ’ਤੇ ਬੈਠਣ ਕਾਰਨ ਕਈ ਰੇਲ ਗੱਡੀਆਂ ਰੱਦ ਨੇ, ਜਿਸ ਨਾਲ ਯਾਤਰੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ ਅਤੇ ਨਾਲ ਹੀ ਰੇਲਵੇ ਨੂੰ ਵੀ ਵਿੱਤੀ ਘਾਟਾ ਝੱਲਣਾ ਪੈ ਰਿਹਾ ਏ। ਅੱਜ ਵੀ ਕਿਸਾਨਾਂ ਦੇ ਅੰਦੋਲਨ ਕਾਰਨ, 63 ਰੇਲ ਗੱਡੀਆਂ ਨੂੰ ਰੱਦ ਕਰਨਾ ਪਿਆ । ਇੰਨਾ ਹੀ ਨਹੀਂ ਕਈ ਰੇਲ ਗੱਡੀਆਂ ਦੇ ਰੂਟ ਬਦਲੇ ਗਏ ਨੇ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਸੁਰਜੀਤ ਸਿੰਘ ਮਿਨਹਾਸ ਦਾ ਅੱਜ ਜਲੰਧਰ ਵਿਚ ਦੇਹਾਂਤ ਹੋ ਗਿਆ। ਉਹ 2 ਜੂਨ 1986 ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਚੁਣੇ ਗਏ ਸਨ। ਉਨਾਂ ਆਪਣੇ ਜੀਵਨ ਵਿਚ ਵੱਖ ਵੱਖ ਸਿਆਸੀ ਤੇ ਸਮਾਜਕ ਅੰਦੋਲਨਾਂ ਵਿਚ ਹਿੱਸਾ ਲਿਆ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਸੁਰਜੀਤ ਸਿੰਘ ਮਿਨਹਾਸ ਦੇ ਦੇਹਾਂਤ ਤੇ ਡੂੰਘੇ ਦੁੱਖ ਦਾ ਇਜਹਾਰ ਕੀਤਾ ਏ। ਆਪਣੇ ਸ਼ੋਕ ਸੁਨੇਹੇ ਵਿਚ ਉਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਤੇ ਸੂਬੇ ਦੀ ਭਲਾਈ ਲਈ ਨਿਭਾਇਆਂ ਗਈਆਂ ਯਾਦਗਾਰੀ ਸੇਵਾਵਾਂ ਕਰਕੇ, ਸੁਰਜੀਤ ਸਿੰਘ ਮਿਨਹਾਸ ਨੂੰ ਹਮੇਸ਼ਾ ਸਤਿਕਾਰ ਨਾਲ ਯਾਦ ਰੱਖਿਆ ਜਾਵੇਗਾ।

---------------------------------------------------------------

ਅੱਜ ਵਿਸ਼ਵ ਮਲੇਰੀਆ ਦਿਵਸ ਏ। ਇਸ ਸਾਲ ਦਾ ਮਲੇਰੀਆ ਦਿਵਸ ਦਾ ਥੀਮ “ਵਧੇਰੇ ਬਰਾਬਰੀ ਵਾਲੀ ਦੁਨੀਆਂ ਲਈ ਮਲੇਰੀਆ ਵਿਰੁੱਧ ਲੜਾਈ ਨੂੰ ਤੇਜ਼ ਕਰੋ" ਰੱਖਿਆ ਗਿਆ ਏ। ਇਸ ਮੌਕੇ ਤੇ ਪੰਜਾਬ ਦੇ ਵੱਖ

ਵੱਖ ਜ਼ਿਲਿਆਂ ਵਿਚ ਸਿਹਤ ਮਹਿਕਮੇ ਵਲੋਂ ਕਈ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ ਅਤੇ ਦੱਸਿਆ ਗਿਆ ਕਿ ਪ੍ਰਹੇਜ ਤੇ ਸਾਵਧਾਨੀ ਵਰਤਣ ਨਾਲ, ਮਲੇਰੀਆ ਤੋਂ ਬਚਾਅ ਹੋ ਸਕਦਾ ਏ। ਮੁਹਾਲੀ ਜ਼ਿਲੇ ਦੇ ਸਿਵਲ ਸਰਜਨ ਡਾ. ਦਵਿੰਦਰ ਕੁਮਾਰ ਪੁਰੀ ਨੇ, ਮਲੇਰੀਆ ਰੋਕਥਾਮ ਪੋਸਟਰ ਜਾਰੀ ਕਰਦਿਆਂ ਲੋਕਾਂ ਨੂੰ ਮਲੇਰੀਆ ਦੇ ਕਾਰਨਾਂ, ਲੱਛਣਾਂ, ਬਚਾਅ ਅਤੇ ਇਲਾਜ ਬਾਰੇ ਜਾਣਕਾਰੀ ਰੱਖਣ ਦੀ ਅਪੀਲ ਕੀਤੀ। ਬਰਨਾਲਾ ਜ਼ਿਲੇ ਦੇ ਸਿਵਲ ਸਰਜਨ ਡਾ. ਹਰਿੰਦਰ ਸ਼ਰਮਾ ਨੇ ਇਕ ਸੈਮੀਨਾਰ ਦੌਰਾਨ ਦੱਸਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ ਸਿਹਤ ਸੰਸ਼ਥਾਵਾਂ ਵਿੱਚ ਮਲੇਰੀਆ ਦੀ ਰੋਕਥਾਮ ਲਈ ਬਲਾਕ ਪੱਧਰੀ ਜਾਗਰੂਕਤਾ ਤੇ ਸਬ ਸੈਂਟਰਾਂ ਤੇ ਸਮੂਹ ਚਰਚਾ ਰਾਹੀਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ। ਉਨਾਂ ਕਿਹਾ ਕਿ ਮਲੇਰੀਆ ਦੀ ਰੋਕਥਾਮ ਸਾਡੀ ਸਭ ਦੀ ਜਿੰਮੇਵਾਰੀ ਏ। ਮਾਲੇਰਕੋਟਲਾ ਜ਼ਿਲੇ ਵਿਚ ਸਿਹਤ ਬਲਾਕ ਅਮਰਗੜ੍ਹ ਦੇ ਫੀਲਡ ਮੈਂਬਰਾਂ ਨੇ ਪਿੰਡਾਂ ਤੇ ਸਕੂਲਾਂ ਵਿੱਚ ਕੈਂਪ ਲਗਾਏ। ਬਲਾਕ ਐਜੂਕੇਟਰ ਰਣਬੀਰ ਸਿੰਘ ਢੰਡੇ ਨੇ ਦੱਸਿਆ ਕਿ ਬਲਾਕ ਪੱਧਰੀ ਕੈਂਪ ਸੀਨੀਅਰ ਸੈਕੰਡਰੀ ਸਕੂਲ ਬਨਭੌਰਾ ਵਿਖੇ ਲਗਾਏ

ਕੈਂਪ ਵਿਚ ਬੱਚਿਆਂ ਨੂੰ ਮਲੇਰੀਆ ਬੁਖਾਰ ਤੋਂ ਬਚਾਅ ਦੇ ਨਾਲ-ਨਾਲ ਵੋਟਾਂ ਪਾਉਣ ਸਬੰਧੀ ਵੀ ਜਾਗਰੂਕ ਕੀਤਾ ਗਿਆ।

---------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਦੇਸ਼ ਵਿਚ ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਭਲਕੇ 26 ਅਪ੍ਰੈਲ ਨੂੰ ਹੋਣ ਵਾਲੀ ਵੋਟਿੰਗ ਲਈ, ਚੋਣ ਅਮਲੇ ਨੇ ਕੀਤੀ ਸਾਰੀ ਤਿਆਰੀ।

- ਚੋਣ ਕਮਿਸ਼ਨ ਨੇ ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ, ਭਾਰਤੀ ਜਨਤਾ ਪਾਰਟੀ ਤੇ ਕਾਂਗਰਸ ਪਾਰਟੀ ਦੇ ਪ੍ਰਧਾਨਾਂ ਨੂੰ ਨੋਟਿਸ ਜਾਰੀ ਕੀਤਾ।

- ਪੰਜਾਬ ਵਿਚ 16 ਮਾਰਚ ਨੂੰ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ, 321 ਕਰੋੜ 51 ਲੱਖ ਰੁਪਏ ਦੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥ, ਕੀਮਤੀ ਵਸਤਾਂ ਅਤੇ ਹੋਰ ਸਮਾਨ ਜ਼ਬਤ।

- ਪੰਜਾਬ ਵਿਧਾਨਸਭਾ ਦੇ ਸਾਬਕਾ ਸਪੀਕਰ ਸੁਰਜੀਤ ਸਿੰਘ ਮਿਨਹਾਸ ਦਾ ਜਲੰਧਰ ਵਿਚ ਦੇਹਾਂਤ।